**ਸੋ ਦਿਨੁ ਸਫਲੁ ਗਣਿਆ ਹਰਿ ਪ੍ਰਭੂ ਮਿਲਾਇਆ ਰਾਮ ॥ ਸਭਿ ਸੁਖ ਪਰਗਟਿਆ ਦੁਖ ਦੂਰਿ ਪਰਾਇਆ ਰਾਮ ॥ ਸੁਖ ਸਹਜ ਅਨਦ ਬਿਨੋਦ ਸਦ ਹੀ ਗੁਨ ਗੁਪਾਲ ਨਿਤ ਗਾਈਐ ॥ ਭਜੁ ਸਾਧਸੰਗੇ ਮਿਲੇ ਰੰਗੇ ਬਹੁੜਿ ਜੋਨਿ ਨ ਧਾਈਐ ॥ ਗਹਿ ਕੰਠਿ ਲਾਏ ਸਹਜਿ ਸੁਭਾਏ ਆਦਿ ਅੰਕੁਰੁ ਆਇਆ ॥ ਬਿਨਵੰਤ ਨਾਨਕ ਆਪਿ ਮਿਲਿਆ ਬਹੁੜਿ ਕਤਹੂ ਨ ਜਾਇਆ ॥੫॥੪॥੭॥**

**{ਪੰਨਾ 547}**

ਪਦਅਰਥ:- ਸਫਲੁ—ਕਾਮਯਾਬ, ਭਾਗਾਂ ਵਾਲਾ। ਗਣਿਆ—ਸਮਝਣਾ ਚਾਹੀਦਾ ਹੈ। ਸਭਿ—ਸਾਰੇ। ਦੂਰਿ ਪਰਾਇਆ—ਦੂਰ ਜਾ ਪੈਂਦੇ ਹਨ। ਸਹਜ—ਆਤਮਕ ਅਡੋਲਤਾ। ਬਿਨੋਦ—ਖ਼ੁਸ਼ੀਆਂ। ਗਾਈਐ—ਰਲ, ਰਲ ਕੇ ਗਾਵੀਏ। ਭਜੁ—ਭਜਨ ਕਰ, ਯਾਦ ਕਰ। ਸਾਧ ਸੰਗੇ—ਸਾਧ ਸੰਗਤਿ ਵਿਚ। ਮਿਲੇ—ਮਿਲਿ, ਮਿਲ ਕੇ। ਰੰਗੇ—ਰੰਗਿ, ਪ੍ਰੇਮ ਨਾਲ। ਬਹੁੜਿ—ਮੁੜ, ਫਿਰ। ਗਹਿ—ਫੜ ਕੇ। ਕੰਠਿ—ਗਲ ਨਾਲ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਪ੍ਰੇਮ ਵਿਚ। ਆਦਿ—ਮੁੱਢਲਾ। ਅੰਕੁਰੁ—ਅੰਗੂਰ। ਕਤਹੂ—ਕਿਤੇ ਭੀ।5।

ਅਰਥ:- ਹੇ ਭਾਈ! ਉਹ ਦਿਨ ਭਾਗਾਂ ਵਾਲਾ ਸਮਝਣਾ ਚਾਹੀਦਾ ਹੈ ਜਦੋਂ ਹਰਿ-ਪ੍ਰਭੂ (ਗੁਰੂ ਦਾ) ਮਿਲਾਇਆ (ਮਿਲ ਪੈਂਦਾ ਹੈ)। (ਹਿਰਦੇ ਵਿਚ) ਸਾਰੇ ਸੁਖ ਪਰਗਟ ਹੋ ਜਾਂਦੇ ਹਨ, ਤੇ, ਸਾਰੇ ਦੁੱਖ ਦੂਰ ਜਾ ਪੈਂਦੇ ਹਨ। ਹੇ ਭਾਈ! ਆਓ, ਜਗਤ-ਪਾਲ ਪ੍ਰਭੂ ਦੇ ਗੁਣ ਨਿੱਤ ਗਾਂਦੇ ਰਹੀਏ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹਿਰਦੇ ਵਿਚ) ਸਦਾ ਹੀ ਆਤਮਕ ਅਡੋਲਤਾ ਦੇ ਸੁਖ-ਆਨੰਦ ਬਣੇ ਰਹਿੰਦੇ ਹਨ, ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ। ਹੇ ਭਾਈ! ਗੁਰੂ ਦੀ ਸੰਗਤਿ ਵਿਚ ਪ੍ਰੇਮ ਨਾਲ ਮਿਲ ਕੇ ਪਰਮਾਤਮਾ ਦਾ ਭਜਨ ਕਰਿਆ ਕਰ (ਭਜਨ ਦੀ ਬਰਕਤਿ ਨਾਲ) ਮੁੜ ਮੁੜ ਜੂਨਾਂ ਵਿਚ ਨਹੀਂ ਪਈਦਾ, ਪਰਮਾਤਮਾ (ਬਾਹੋਂ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ, ਆਤਮਕ ਅਡੋਲਤਾ ਵਿਚ ਪ੍ਰੇਮ ਵਿਚ (ਲੀਨ ਕਰ ਦੇਂਦਾ ਹੈ। ਹਿਰਦੇ ਵਿਚ ਭਗਤੀ ਦਾ) ਮੁੱਢਲਾ ਅੰਗੂਰ ਪੁੰਗਰ ਪੈਂਦਾ ਹੈ। ਨਾਨਕ ਬੇਨਤੀ ਕਰਦਾ ਹੈ—(ਹੇ ਭਾਈ! ਸਾਧ ਸੰਗਤਿ ਵਿਚ ਮਿਲਿਆਂ) ਪ੍ਰਭੂ ਆਪ ਆ ਮਿਲਦਾ ਹੈ, ਫਿਰ (ਉਸ ਦਾ ਦਰ ਛੱਡ ਕੇ) ਹੋਰ ਕਿਤੇ ਭੀ ਨਹੀਂ ਭਟਕੀਦਾ।5।4।7।